# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 01-05-2024**

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸੂਬੇ ਦੇ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ, ਪੁਲਿਸ ਕਮਿਸ਼ਨਰਾਂ ਤੇ ਐਸ.ਐਸ.ਪੀਜ਼. ਨਾਲ ਵੀਡੀਓ ਕਾਨਫ਼ਰੰਸਿੰਗ ਰਾਹੀਂ ਮੀਟਿੰਗ ਕੀਤੀ।
- ਭਾਰਤੀ ਫੌਜ਼ ਦੀ ਪੱਛਮੀ ਕਮਾਂਡ ਨੇ ਚੰਡੀਮੰਦਰ ਮਿਲਟਰੀ ਸਟੇਸ਼ਨ ਵਿਖੇ ਆਰਮਡ ਕੋਰ ਬਖਤਰਬੰਦ ਕੋਰ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ।
- ਮਜਦੂਰ ਦਿਵਸ ਤੇ ਅੱਜ ਪੰਜਾਬ ਵਿਚ ਕਈ ਥਾਈਂ ਸਮਾਗਮ ਆਯੋਜਿਤ ਕੀਤੇ ਗਏ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ ਦੀਆਂ

ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ-ਕਮ-ਜ਼ਿਲ੍ਹਾ ਚੋਣ ਅਧਿਕਾਰੀਆਂ, ਪੁਲਿਸ ਕਮਿਸ਼ਨਰਾਂ ਅਤੇ ਐਸਐਸਪੀਜ਼ ਨਾਲ ਵੀਡੀਓ ਕਾਨਫ਼ਰੰਸਿੰਗ ਰਾਹੀਂ ਮੀਟਿੰਗ ਕੀਤੀ । ਉਨਾਂ ਪੋਲਿੰਗ ਸਟੇਸ਼ਨਾਂ ਉੱਤੇ ਪ੍ਰਬੰਧਾਂ, ਸਟਾਫ ਦੀ ਤਾਇਨਾਤੀ, ਸੰਵੇਦਨਸ਼ੀਲ ਮੈਪਿੰਗ, ਸਵੀਪ ਗਤੀਵਿਧੀਆਂ, ਵੈਬਕਾਸਟਿੰਗ, ਸੀ ਆਰ ਪੀ ਐਫ ਦੀ ਤਾਇਨਾਤੀ, ਸੰਚਾਰ ਯੋਜਨਾ, ਅੰਤਰਰਾਜੀ ਸਰਹੱਦਾਂ ਉੱਤੇ ਸੁਰੱਖਿਆ ਪ੍ਰਬੰਧਾਂ ਦੇ ਨਾਲ-ਨਾਲ ਸੂਬੇ ਵਿੱਚ ਸੁਤੰਤਰ ਤੇ ਨਿਰਪੱਖ ਚੋਣਾਂ ਕਰਵਾਉਣ ਲਈ ਕਾਨੂੰਨ-ਵਿਵਸਥਾ ਦੀ ਸਥਿਤੀ ਦਾ ਜਾਇਜ਼ਾ ਲਿਆ । ਇਸ ਤੋਂ ਅਲਾਵਾ ਚੋਣ ਪਛਾਣ ਪੱਤਰ, ਵੋਟਰਾਂ ਦੀ ਜਾਣਕਾਰੀ, ਵੈਬਕਾਸਟਿੰਗ, ਈ.ਵੀ.ਐਮ. ਸਟੋਰੇਜ ਤੇ ਟਰਾਂਸਪੋਰਟਿੰਗ, ਫੇਕ ਨਿਊਜ਼ ਦੀ ਜਾਂਚ, ਸੰਵੇਦਨਸ਼ੀਲ ਪੋਲਿੰਗ ਖੇਤਰਾਂ ਦੀ ਪਛਾਣ, ਹੋਰ ਮਾਡਲ ਪੋਲਿੰਗ ਬੂਥਾਂ ਦੀ ਸਥਾਪਨਾ ਅਤੇ ਹਰੇਕ ਜ਼ਿਲ੍ਹੇ ਤੋਂ ਤਿਆਰੀਆਂ ਸਬੰਧੀ ਜਾਣਕਾਰੀ ਲਈ ਗਈ । ਜ਼ਿਲ੍ਹਾ ਅਧਿਕਾਰੀਆਂ ਨੇ ਮੁੱਖ ਚੋਣ ਅਧਿਕਾਰੀ ਨੂੰ ਚੋਣਾਂ ਵਿੱਚ 'ਇਸ ਵਾਰ 70 ਪਾਰ' ਦੇ ਟੀਚੇ ਦੀ ਪ੍ਰਾਪਤੀ ਲਈ ਉਨ੍ਹਾਂ ਵੱਲੋਂ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਅਤੇ

ਪਹਿਲਕਦਮੀਆਂ ਬਾਰੇ ਜਾਣੂੰ ਕਰਵਾਇਆ। ਉਨ੍ਹਾਂ ਨੇ ਪਾਰਦਰਸ਼ੀ ਅਤੇ ਨਿਰਵਿਘਨ ਚੋਣਾਂ ਕਰਵਾਉਣ ਲਈ ਭਾਰਤੀ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਸਿਬਿਨ ਸੀ ਨੇ ਸਬੰਧਤ ਅਧਿਕਾਰੀਆਂ ਨੂੰ ਸਿਖਲਾਈ ਸਥਾਨਾਂ, ਰਵਾਨਗੀ ਕੇਂਦਰਾਂ, ਪੋਲਿੰਗ ਸਟੇਸ਼ਨਾਂ ਅਤੇ ਕੁਲੈਕਸ਼ਨ ਕੇਂਦਰਾਂ 'ਤੇ ਵੱਖ-ਵੱਖ ਤਰੀਕਿਆਂ ਰਾਹੀਂ ਪੋਲਿੰਗ ਸਟਾਫ਼ ਨੂੰ ਗਰਮੀ ਤੋਂ ਬਚਾਉਣ ਲਈ ਲੋੜੀਂਦੇ ਉਪਾਅ ਕਰਨ ਦੇ ਵੀ ਨਿਰਦੇਸ਼ ਦਿੱਤੇ । ਉਨ੍ਹਾਂ ਪੋਲਿੰਗ ਸਟੇਸ਼ਨਾਂ ਅਤੇ ਗਿਣਤੀ ਕੇਂਦਰਾਂ 'ਤੇ ਸਟਾਫ਼ ਲਈ ਛਾਂ, ਪੀਣ ਵਾਲੇ ਪਾਣੀ, ਵੇਟਿੰਗ ਏਰੀਆ, ਵਧੀਆ ਕੁਆਲਿਟੀ ਦੇ ਪਖਾਨਿਆਂ ਦਾ ਪ੍ਰਬੰਧ ਕਰਨ ਲਈ ਆਖਿਆ।

-----------------------------------------------------------

ਲੋਕ ਸਭਾ ਚੋਣਾਂ ਵਿੱਚ 'ਹਰ ਇੱਕ ਵੋਟ ਜਰੂਰੀ' ਦੇ ਸੁਨੇਹੇ ਦੇ ਸੰਕਲਪ ਨਾਲ ਮੁਹਾਲੀ ਜ਼ਿਲ੍ਹਾ ਸਵੀਪ ਟੀਮ 'ਆਈ ਪੀ ਐਲ' ਵਿੱਚ ਨੌਜੁਆਨ ਵੋਟਰਾਂ ਨੂੰ ਮੈਚ ਦਿਖਾਉਣ, ਮਹਿਲਾ ਵੋਟਰਾਂ ਲਈ ਮੈਰਾਥਨ ਦਾ ਆਯੋਜਨ ਕਰਨ ਉਪਰੰਤ ਅੱਜ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ

ਕਮਿਸ਼ਨਰ ਆਸ਼ਿਕਾ ਜੈਨ ਦੀਆਂ ਹਦਾਇਤਾਂ ਤੇ ਮਜਦੂਰ ਦਿਵਸ ਮੌਕੇ ਲੇਬਰ ਚੌਕ ਮਦਨਪੁਰਾ, ਮੋਹਾਲੀ ਵਿਖੇ ਕਿਰਤੀਆਂ ਦੇ ਵਿਹੜੇ ਪੁੱਜੀ। ਸਵੀਪ ਦੇ ਜ਼ਿਲ੍ਹਾ ਨੋਡਲ ਅਫਸਰ ਪ੍ਰੋ. ਗੁਰ ਬਖਸ਼ੀਸ਼ ਸਿੰਘ ਅਨਟਾਲ ਵੱਲੋਂ ਮਜ਼ਦੂਰ ਦਿਵਸ ਦੀਆਂ ਮੁਬਾਰਕਾਂ ਦਿੰਦੇ ਹੋਏ ਇਨ੍ਹਾਂ ਮਿਹਨਤਕਸ਼ਾਂ ਨੂੰ ਲੋਕਤੰਤਰ ਦੀ ਮਜਬੂਤੀ ਲਈ ਵੋਟ ਪਾਉਣ ਦੀ ਅਪੀਲ ਕੀਤੀ ਗਈ। ਉਨਾਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਕਿਰਤੀ ਅਹਿਮ ਯੋਗਦਾਨ ਪਾ ਸਕਦੇ ਨੇ ਕਿਉਂਕਿ ਉਹਨਾਂ ਨੂੰ ਪਤਾ ਹੁੰਦਾ ਏ ਕਿ ਜਿਸ ਤਰ੍ਹਾਂ ਬੁਲੰਦ ਇਮਾਰਤਾਂ ਦੀ ਉਸਾਰੀ ਲਈ ਇੱਕ-ਇੱਕ ਇੱਟ ਜ਼ਰੂਰੀ ਏ, ਉਸੇ ਤਰ੍ਹਾਂ ਲੋਕਤੰਤਰ ਦੀ ਮਜ਼ਬੂਤੀ ਲਈ ਇੱਕ-ਇੱਕ ਵੋਟ ਕੀਮਤੀ ਏ। ਇਸ ਮੌਕੇ ਬਲਜਿੰਦਰ ਸਿੰਘ ਤੇ ਉਨਾਂ ਦੀ ਟੀਮ ਵੱਲੋਂ ਨੁੱਕੜ ਨਾਟਕ 'ਮੇਰੀ ਵੋਟ ਮੇਰਾ ਅਧਿਕਾਰ' ਅਤੇ ਭੰਡਾਂ ਦੀਆਂ ਨਕਲਾਂ ਨਾਲ ਕਿਰਤੀ ਮਜ਼ਦੂਰਾਂ ਦਾ ਮਨੋਰੰਜਨ ਕੀਤਾ ਗਿਆ।

---------------------------------------------------------------

ਫ਼ਰੀਦਕੋਟ ਜ਼ਿਲੇ ਅੰਦਰ ਲੋਕ ਸਭਾ ਚੋਣਾਂ ਨੂੰ ਲੈ ਕੇ ਵੋਟਰਾਂ ਨੂੰ ਵੋਟ ਦੇ ਹੱਕ ਦੀ ਵਰਤੋਂ ਲਈ ਉਤਸ਼ਾਹਿਤ ਕਰਨ ਵਾਸਤੇ ਜ਼ਿਲਾ ਚੋਣ ਅਫ਼ਸਰ -

ਕਮ-ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਸਵੀਪ ਟੀਮ ਦੇ ਮੈਂਬਰ ਸੁਰਿੰਦਰਪਾਲ ਸਿੰਘ ਸੋਨੀ ਤੇ ਨਵਦੀਪ ਸਿੰਘ ਰਿੱਕੀ ਨੇ ਪੋਸਟ ਆਫ਼ਿਸ ਅਤੇ ਰੇਲਵੇ ਸਟੇਸ਼ਨ ਵਿਖੇ ਜਾਗਰੂਕਤਾ ਮੁਹਿੰਮ ਚਲਾਈ । ਪੋਸਟ ਮਾਸਟਰ ਹਰਜਿੰਦਰ ਕੌਰ ਨੇ ਦੱਸਿਆ ਕਿ ਮੁਹਿੰਮ ਤਹਿਤ ਪੋਸਟ ਆਫ਼ਿਸ 'ਚ ਜਾਗਰੂਕਤਾ ਬੈਨਰ ਲਗਾਏ ਗਏ ਅਤੇ ਪੋਸਟ ਆਫ਼ਿਸ ਵਲੋਂ ਵੰਡੀ ਜਾਣ ਵਾਲੀ ਡਾਕ ਤੇ 'ਚੋਣਾਂ ਦਾ ਪਰਵ-ਦੇਸ਼ ਦਾ ਗਰਵ' ਦੀ ਮੋਹਰ ਬਣਾ ਕੇ ਲਗਾਈ ਜਾ ਰਹੀ ਏ । ਸਵੀਪ ਦੇ ਜ਼ਿਲਾ ਨੋਡਲ ਅਫ਼ਸਰ ਪ੍ਰਦੀਪ ਦਿਓੜਾ ਅਤੇ ਸਹਾਇਕ ਜ਼ਿਲਾ ਨੋਡਲ ਅਫ਼ਸਰ ਜਸਬੀਰ ਸਿੰਘ ਜੱਸੀ ਨੇ ਕਿਹਾ ਕਿ ਸਾਨੂੰ ਸਭ ਤੋਂ ਪਹਿਲਾਂ ਆਪਣੀ ਵੋਟ ਬਣਾਉਣੀ ਚਾਹੀਦੀ ਏ । ਉਨ੍ਹਾਂ ਦੱਸਿਆ ਕਿ ਵੋਟਰ ਹੈਲਪ ਲਾਈਨ ਐਪ ਡਾਊਨਲੋਡ ਕਰਕੇ ਆਪਣੇ ਅਧਾਰ ਕਾਰਡ, ਜਨਮ ਤਾਰੀਕ ਦਾ ਸਬੂਤ ਅਤੇ ਪਾਸਪੋਰਟ ਸਾਈਜ਼ ਦੀ ਫ਼ੋਟੋ ਅਪਲੋਡ ਕਰਕੇ ਆਪਣੀ ਵੋਟ ਬਣਾਈ ਜਾ ਸਕਦੀ ਏ ।

---------------------------------------------------------------

ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸਾ-ਨਿਰਦੇਸ਼ਾ

ਅਨੁਸਾਰ ਉੱਡਣ ਦਸਤੇ ਐਫ.ਐਸ.ਟੀ. ਟੀਮ ਤਲਵੰਡੀ ਸਾਬੋ ਵੱਲੋਂ ਪੰਜਾਬ-ਹਰਿਆਣਾ ਦੇ ਇੰਟਰ ਸਟੇਟ ਬਾਰਡਰ ਤੇ ਨਾਕੇ ਲਗਾ ਕੇ ਹਰ ਤਰ੍ਹਾਂ ਦੇ ਵਹੀਕਲਾਂ ਦੀ ਚੈੱਕਿੰਗ ਕੀਤੀ ਗਈ। ਚੋਣਕਾਰ ਰਜਿਸਟਰੇਸ਼ਨ ਅਫਸਰ ਤਲਵੰਡੀ ਸਾਬੋ ਹਰਜਿੰਦਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਗਠਿਤ ਕੀਤੀਆਂ ਟੀਮਾਂ ਵਲੋਂ ਲਗਾਤਾਰ 24 ਘੰਟੇ ਚੈਕਿੰਗ ਕੀਤੀ ਜਾ ਰਹੀ ਏ ਤਾਂ ਜੋ ਕਿਸੇ ਵੀ ਤਰ੍ਹਾਂ ਦੀਆਂ ਗੈਰ ਕਾਨੂੰਨੀ ਵਸਤੂਆਂ ਨੂੰ ਜ਼ਬਤ ਕੀਤਾ ਜਾ ਸਕੇ। ਉਨਾਂ ਕਿਹਾ ਕਿ ਲੋਕਾਂ ਦਾ ਲੋਕਤੰਤਰ ਵਿੱਚ ਵਿਸ਼ਵਾਸ਼ ਬਣਾਈ ਰੱਖਣ ਦੇ ਮੱਦੇਨਜ਼ਰ ਉੱਡਣ ਦਸਤੇ ਦੀਆਂ ਟੀਮਾਂ ਵੱਲੋਂ ਨਿਰੰਤਰ ਉਪਰਾਲੇ ਜਾਰੀ ਰਹਿਣਗੇ।

---------------------------------------------------------------

ਕਾਂਗਰਸ ਛੱਡ ਕੇ ਭਾਜਪਾ 'ਚ ਸ਼ਾਮਲ ਹੋਏ ਕਰਮਜੀਤ ਚੌਧਰੀ ਨੇ ਅੱਜ ਚੰਡੀਗੜ੍ਹ ਵਿਚ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਨਾਲ ਮੁਲਾਕਾਤ ਕੀਤੀ। ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਸੁਨੀਲ ਜਾਖੜ ਨਾਲ ਉਨ੍ਹਾਂ ਦੀ ਇਹ ਪਹਿਲੀ ਮੁਲਾਕਾਤ ਸੀ। ਇਸ ਦੌਰਾਨ ਦੋਵਾਂ ਆਗੂਆਂ ਨੇ ਪੰਜਾਬ ਵਿੱਚ ਲੋਕ ਸਭਾ ਚੋਣਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ।

ਉਨ੍ਹਾਂ ਵਿਸ਼ੇਸ਼ ਤੌਰ 'ਤੇ ਜਲੰਧਰ ਲੋਕ ਸਭਾ ਸੀਟ ਤੋਂ ਭਾਜਪਾ ਉਮੀਦਵਾਰ ਸੁਸ਼ੀਲ ਰਿੰਕੂ ਦੀ ਜਿੱਤ ਯਕੀਨੀ ਬਣਾਉਣ ਲਈ ਰਣਨੀਤੀ ਬਣਾਈ।

--------------------------------------------------------------------

ਪੰਜਾਬ ਵਿਚ ਲੋਕਸਭਾ ਚੋਣਾਂ ਦੌਰਾਨ ਕਾਂਗਰਸ ਨੂੰ ਅੱਜ ਇਕ ਹੋਰ ਵੱਡਾ ਝਟਕਾ ਲੱਗਿਆ ਜਦੋਂ ਸੰਗਰੂਰ ਜ਼ਿਲੇ ਦੇ ਧੂਰੀ ਤੋਂ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਚੰਡੀਗੜ੍ਹ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਲਵੀਰ ਸਿੰਘ ਗੋਲਡੀ ਦਾ ਪਾਰਟੀ ਵਿੱਚ ਸਵਾਗਤ ਕੀਤਾ। ਗੋਲਡੀ ਨੇ ਬੀਤੇ ਕਲ ਹੀ ਕਾਂਗਰਸ ਪਾਰਟੀ ਤੋਂ ਅਸਤੀਫਾ ਦਿੱਤਾ ਸੀ। ਉਹ ਸੰਗਰੂਰ ਲੋਕ ਸਭਾ ਹਲਕੇ ਤੋਂ ਪਾਰਟੀ ਦਾ ਟਿਕਟ ਨਾ ਮਿਲਣ ਤੋਂ ਨਰਾਜ਼ ਨੇ। ਕਾਂਗਰਸ ਪਾਰਟੀ ਨੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਸੰਗਰੂਰ ਤੋਂ ਆਪਣਾ ਉਮੀਦਵਾਰ ਬਣਾਇਆ ਏ।

--------------------------------------------------------------------

ਜਲੰਧਰ ਸ਼ਹਿਰ ਦੀ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਬਾਰੇ ਜਲੰਧਰ ਤੋਂ ਭਾਜਪਾ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਏ

ਕਿ ਦਿਨ-ਦਿਹਾੜੇ ਲੁੱਟ-ਖੋਹ ਦੀਆਂ ਘਟਨਾਵਾਂ ਨੇ ਆਮ ਆਦਮੀ ਪਾਰਟੀ ਦਾ ਪਰਦਾਫਾਸ਼ ਕਰ ਦਿੱਤਾ ਏ। ਅੱਜ ਜਾਰੀ ਇਕ ਬਿਆਨ ਵਿਚ ਉਨ੍ਹਾਂ ਕਿਹਾ ਕਿ ਇੱਕ ਦਿਨ ਵਿੱਚ ਵਾਪਰੀਆਂ 9- 9 ਘਟਨਾਵਾਂ ਸਾਬਤ ਕਰਦੀਆਂ ਨੇ ਕਿ ਮੌਜੂਦਾ ਸਰਕਾਰ ਦੀ ਅਗਵਾਈ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬੁਰੀ ਤਰ੍ਹਾਂ ਟੁੱਟ ਚੁੱਕੀ ਏ ਅਤੇ ਲੋਕਾਂ ਨੂੰ ਸੁਰੱਖਿਅਤ ਮਹਿਸੂਸ ਕਰਵਾਉਣ ਲਈ ਸਰਕਾਰ ਨੂੰ ਸਖ਼ਤ ਕਦਮ ਚੁੱਕਣ ਦੀ ਜਰੂਰਤ ਏ। ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀ ਸੁਰੱਖਿਆ ਲਈ ਕੋਈ ਕਦਮ ਨਾ ਚੁੱਕੇ ਜਾਣ ਕਾਰਨ ਲੋਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਨੇ।

---------------------------------------------------

ਭਾਰਤੀ ਫੌਜ਼ ਦੀ ਪੱਛਮੀ ਕਮਾਂਡ ਨੇ ਅੱਜ ਚੰਡੀਮੰਦਰ ਮਿਲਟਰੀ ਸਟੇਸ਼ਨ ਵਿਖੇ ਆਰਮਡ ਕੋਰ ਬਖਤਰਬੰਦ ਕੋਰ ਦਿਵਸ ਮਨਾਇਆ। ਹਰ ਸਾਲ ਪਹਿਲੀ ਮਈ ਨੂੰ ਇਹ ਦਿਨ ਇੰਡੀਅਨ ਕੈਵਲਰੀ ਘੁੜਸਵਾਰ ਰੈਜੀਮੈਂਟ ਨੂੰ ਮਸ਼ੀਨੀਕਰਨ ਬਖਤਰਬੰਦ ਵਾਹਨਾਂ ਵਿੱਚ ਤਬਦੀਲ ਕਰਨ ਦੀ ਸ਼ੁਰੂਆਤ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇਸ ਮੌਕੇ ਪੱਛਮੀ

ਕਮਾਂਡ ਦੇ ਜੀ ਓ ਸੀ-ਇਨ - ਸੀ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਕੋਰ ਦੇ ਸਾਰੇ ਸੇਵਾ ਵਿੱਚ ਅਤੇ ਸੇਵਾਮੁਕਤ ਕਰਮਚਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਡਿਊਟੀ ਪ੍ਰਤੀ ਉਨ੍ਹਾਂ ਦੀ ਨਿਰਸਵਾਰਥ ਸੇਵਾ ਤੇ ਸਮਰਪਣ ਦੀ ਸ਼ਲਾਘਾ ਕੀਤੀ। ਹੈੱਡਕੁਆਰਟਰ ਪੱਛਮੀ ਕਮਾਂਡ ਦੇ ਚੀਫ਼ ਆਫ਼ ਸਟਾਫ਼ ਅਤੇ ਸਭ ਤੋਂ ਸੀਨੀਅਰ ਆਰਮਡ ਕੋਰ ਅਫ਼ਸਰ ਲੈਫ਼ਟੀਨੈਂਟ ਜਨਰਲ ਦੇਵੇਂਦਰ ਸ਼ਰਮਾ ਅਤੇ ਸਾਬਕਾ ਫ਼ੌਜੀਆਂ ਨੇ "ਵੀਰ ਸਮ੍ਰਿਤੀ" ਚੰਡੀਮੰਦਰ ਵਿਖੇ ਸ਼ਰਧਾ ਦੇ ਫੁੱਲ ਭੇਟ ਕੀਤੇ। ਜ਼ਿਕਰਯੋਗ ਏ ਕਿ 14 ਅਪ੍ਰੈਲ 1938 ਨੂੰ ਪਾਕਿਸਤਾਨ ਦੇ ਰਾਵਲਪਿੰਡੀ ਵਿੱਚ ਸਿੰਧੀ ਘੋੜਿਆਂ ਨੇ ਆਖਰੀ ਵਾਰ ਪਰੇਡ ਕੀਤੀ ਸੀ ਅਤੇ ਇਕ ਮਈ 1938 ਨੂੰ ਨਵੀਆਂ ਇਕੱਤਰ ਕੀਤੀਆਂ ਸ਼ੈਵਰਲੇ ਬਖਤਰਬੰਦ ਕਾਰਾਂ 'ਤੇ ਰੂਪਾਂਤਰਣ ਦੀ ਸਿਖਲਾਈ ਸ਼ੁਰੂ ਕੀਤੀ ਸੀ। ਇਸ ਤਰ੍ਹਾਂ ਬਖਤਰਬੰਦ ਵਾਹਨਾਂ ਦਾ ਇੱਕ ਨਵਾਂ ਦੌਰ ਸ਼ੁਰੂ ਹੋਇਆ ਅਤੇ ਇਸ ਮੌਕੇ ਨੂੰ ਬਖਤਰਬੰਦ ਕੋਰ ਦਿਵਸ ਵਜੋਂ ਮਨਾਇਆ ਜਾਂਦਾ ਏ। ਆਰਮਡ ਕੋਰ ਨੇ ਉਦੋਂ ਤੋਂ ਬਹੁਤ ਲੰਬਾ ਸਫ਼ਰ ਤੈਅ ਕੀਤਾ ਏ ਅਤੇ ਮੌਜੂਦਾ ਸਮੇਂ ਵਿੱਚ ਇਹ ਟੀ - 72, ਟੀ - 90 ਅਤੇ ਅਰਜੁਨ ਟੈਂਕਾਂ ਨਾਲ ਲੈਸ ਏ। ਬਖਤਰਬੰਦ ਕੋਰ ਦੇ

ਅਫਸਰਾਂ ਤੇ ਸਿਪਾਹੀਆਂ ਨੇ ਕਈ ਮੌਕਿਆਂ 'ਤੇ ਮਾਰੂਥਲਾਂ, ਮੈਦਾਨਾਂ, ਪਹਾੜਾਂ ਅਤੇ ਜੰਗ ਦੇ ਮੈਦਾਨ ਵਿੱਚ ਆਪਣੀ ਪੇਸ਼ੇਵਾਰਤਾ ਤੇ ਬਹਾਦਰੀ ਦਾ ਪ੍ਰਦਰਸ਼ਨ ਕੀਤਾ ਏ ।

---------------------------------------------------

ਮਜਦੂਰ ਦਿਵਸ ਤੇ ਅੱਜ ਕਈ ਥਾਈਂ ਸਮਾਗਮ ਆਯੋਜਿਤ ਕੀਤੇ ਗਏ । ਮੋਹਾਲੀ ਵਿਖੇ ਸੀਟੂ ਤੇ ਡਾ. ਸ਼ੇਰ ਸਿੰਘ ਯਾਦਗਾਰੀ ਟਰੱਸਟ ਵੱਲੋਂ ਸਾਂਝੇ ਤੌਰ ਤੇ ਇਕ ਸਮਾਗਮ ਦਾ ਆਯੋਜਨ ਕੀਤਾ ਗਿਆ । ਮੋਹਾਲੀ ਦੇ ਮਜ਼ਦੂਰ ਅਤੇ ਮੁਲਾਜਮ ਜਥੇਬੰਦੀਆਂ ਦੇ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ । ਸਮਾਗਮ ਦੀ ਪ੍ਰਧਾਨਗੀ ਸੀਟੂ ਦੇ ਜਿਲ੍ਹਾ ਪ੍ਰਧਾਨ ਗੁਰਦੀਪ ਸਿੰਘ ਅਤੇ ਡਾ. ਸ਼ੇਰ ਸਿੰਘ ਦੇ ਪੁੱਤਰ ਨਵਜੋਤ ਸਿੰਘ ਨੇ ਕੀਤੀ । ਸੀਟੂ ਦੇ ਸੂਬਾ ਜਨਰਲ ਸਕੱਤਰ ਚੰਦਰ ਸ਼ੇਖਰ ਨੇ ਮਈ ਦਿਵਸ ਦੀ ਮਹੱਤਤਾ ਬਾਰੇ ਦੱਸਿਆ ਅਤੇ ਸ਼ਿਕਾਗੋ ਤੋਂ ਸ਼ੁਰੂ ਹੋਏ ਸੰਘਰਸ਼ ਤੋਂ ਲੈ ਕੇ ਅੱਜ ਤੱਕ ਮਜ਼ਦੂਰ ਜਮਾਤ ਵੱਲੋਂ ਕੀਤੇ ਗਏ ਘੋਲਾਂ ਬਾਰੇ ਚਾਨਣਾ ਪਾਇਆ । ਇਸ ਦੌਰਾਨ ਪੰਜਾਬ ਪੁਲਿਸ ਕਪੁਰਥਲਾ ਦੇ ਟ੍ਰੈਫ਼ਿਕ ਇੰਚਾਰਜ ਏ ਐਸ ਆਈ ਗੁਰਬਚਨ ਸਿੰਘ ਨੇ ਦੱਸਿਆ ਕਿ ਮਜਦੂਰ ਦਿਵਸ ਤੇ ਅੱਜ ਕਈ

ਥਾਂਵਾਂ ਤੇ ਜਾ ਕੇ ਮਜਦੂਰਾਂ ਨੂੰ ਉਨਾਂ ਦੇ ਹੱਕਾਂ ਪ੍ਰਤੀ ਜਾਗਰੂਕ ਕੀਤਾ ਗਿਆ।

---------------------------------------------------------------

ਏਧਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ ਕਮ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰਪਾਲ ਸਿੰਘ ਖੁਰਮੀ ਅਤੇ ਸੀ.ਜੇ.ਐਮ.ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰੁਪਿੰਦਰ ਸਿੰਘ ਦੇ ਹੁਕਮਾਂ ਅਨੁਸਾਰ ਅਥਾਰਟੀ ਵਲੋਂ ਅੱਜ ਮਜ਼ਦੂਰਾਂ ਲਈ ਮਜ਼ਦੂਰ ਦਿਵਸ ਮਨਾਇਆ ਗਿਆ। ਐਡਵੋਕੇਟ ਵਿਨੋਦ ਕੁਮਾਰ ਨੇ ਵਰਕਰਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਿਲਣ ਵਾਲੀ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਣਕਾਰੀ ਦੇਂਦਿਆਂ ਦੱਸਿਆ ਕਿ ਕੇਸ ਲੜਨ ਲਈ ਅਥਾਰਟੀ ਵੱਲੋਂ ਮੁਫ਼ਤ ਵਕੀਲ ਦਿੱਤਾ ਜਾਂਦਾ ਏ ਅਤੇ ਕਾਗਜ਼ਾਂ ਦਾ ਖਰਚਾ ਵੀ ਅਥਾਰਟੀ ਹੀ ਕਰਦੀ ਏ। ਉਨ੍ਹਾਂ ਦੱਸਿਆ ਕਿ ਕੋਈ ਵੀ ਮਜ਼ਦੂਰ ਕਿਸੇ ਵੀ ਕਿਸਮ ਦਾ ਕੇਸ ਦਰਜ ਕਰਵਾਉਣ ਲਈ ਅਥਾਰਟੀ ਨਾਲ ਸੰਪਰਕ ਕਰ ਸਕਦਾ ਏ ਅਤੇ ਵਿਚੋਲਗੀ ਰਾਹੀਂ ਵੀ ਲੋਕਾਂ ਨੂੰ ਸਸਤਾ ਤੇ ਆਸਾਨ ਨਿਆਂ ਮਿਲਦਾ ਏ।

---------------------------------------------------

ਭਾਰਤੀ ਸੂਚਨਾ ਸੇਵਾ ਦੀ ਸੀਨੀਅਰ ਅਧਿਕਾਰੀ ਮੌਸ਼ੂਮੀ ਚੱਕਰਵਰਤੀ ਨੇ ਅੱਜ ਆਕਾਸ਼ਵਾਣੀ ਨਿਊਜ਼ ਦੇ ਡਾਇਰੈਕਟਰ ਜਨਰਲ ਦਾ ਅਹੁਦਾ ਸੰਭਾਲ ਲਿਆ ਏ। ਉਨਾਂ ਕੱਲ੍ਹ ਸ਼੍ਰੀਮਤੀ ਵਸੁਧਾ ਗੁਪਤਾ ਦੇ ਪ੍ਰਿੰਸੀਪਲ ਡੀ ਜੀ ਵਜੋਂ ਸੇਵਾਮੁਕਤ ਹੋਣ ਤੋਂ ਬਾਅਦ ਇਹ ਅਹੁਦਾ ਸੰਭਾਲਿਆ ਏ। ਸਨ 1991 ਬੈਚ ਦੀ ਆਈ ਆਈ ਐਸ ਅਧਿਕਾਰੀ ਮੌਸ਼ੂਮੀ ਚੱਕਰਵਰਤੀ ਕੋਲ ਪੱਤਰ ਸੂਚਨਾ ਦਫਤਰ ਅਤੇ ਕੇਂਦਰੀ ਸੰਚਾਰ ਬਿਊਰੋ ਸਮੇਤ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਕਈ ਮੀਡੀਆ ਅਦਾਰਿਆਂ ਵਿੱਚ ਕੰਮ ਕਰਨ ਦਾ ਵਿਸ਼ਾਲ ਤਜਰਬਾ ਏ। ਤਿੰਨ ਦਹਾਕਿਆਂ ਤੋਂ ਵੱਧ ਲੰਬੇ ਆਪਣੇ ਕਰੀਅਰ ਵਿੱਚ ਉਨਾਂ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵਿੱਚ ਡੈਪੂਟੇਸ਼ਨ 'ਤੇ ਅਤੇ ਕੈਬਨਿਟ ਮੰਤਰੀ ਦੇ ਪੀ.ਐਸ. ਵਜੋਂ ਵੀ ਕੰਮ ਕੀਤਾ ਏ।

---------------------------------------------------

ਗੁਰਦਾਸਪੁਰ ਜ਼ਿਲ੍ਹੇ ਵਿਚ ਸਰਹੱਦੀ ਖੇਤਰ ਦੇ ਪਿੰਡ ਚੌਤਰਾ ਦੇ ਨਾਲ ਲੱਗਦੇ ਖੇਤਾਂ ’ਚੋਂ ਬੀ. ਐਸ. ਐਫ. ਨੇ ਇੱਕ ਪਾਕਿਸਤਾਨੀ ਡਰੋਨ ਨੂੰ ਬਰਾਮਦ ਕੀਤਾ ਏ। ਇਕ ਸੂਚਨਾ ਮਿਲਣ ਤੇ ਬੀ. ਐਸ. ਐਫ. ਦੇ

ਜਵਾਨਾ ਨੇ ਪਿੰਡ ਵਿਚ ਸਰਚ ਆਪ੍ਰੇਸ਼ਨ ਸ਼ੁਰੂ ਕੀਤਾ ਅਤੇ ਇਸ ਦੌਰਾਨ ਸਵੇਰੇ ਕੋਈ ਸਵਾ ਸੱਤ ਵਜੇ ਚੀਨ ਦਾ ਬਣਿਆ ਹੋਇਆ ਇਹ ਡਰੋਨ ਬਰਾਮਦ ਹੋਇਆ। ਏਧਰ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਖੇਮਕਰਨ ਦੇ ਨਾਲ ਲੱਗਦੇ ਖੇਤਾਂ 'ਚੋਂ ਵੀ ਬੀਤੀ ਰਾਤ ਚੀਨ ਦਾ ਬਣਿਆ ਇੱਕ ਡਰੋਨ ਟੁੱਟੀ ਹੋਈ ਹਾਲਤ ਵਿੱਚ ਬਰਾਮਦ ਕੀਤਾ ਗਿਆ ਏ।

---------------------------------------------------

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸੂਬੇ ਦੇ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ, ਪੁਲਿਸ ਕਮਿਸ਼ਨਰਾਂ ਤੇ ਐਸ.ਐਸ.ਪੀਜ਼. ਨਾਲ ਵੀਡੀਓ ਕਾਨਫ਼ਰੰਸਿੰਗ ਰਾਹੀਂ ਮੀਟਿੰਗ ਕੀਤੀ।
- ਭਾਰਤੀ ਫੌਜ਼ ਦੀ ਪੱਛਮੀ ਕਮਾਂਡ ਨੇ ਚੰਡੀਮੰਦਰ ਮਿਲਟਰੀ ਸਟੇਸ਼ਨ ਵਿਖੇ ਆਰਮਡ ਕੋਰ ਬਖਤਰਬੰਦ ਕੋਰ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ।
- ਮਜਦੂਰ ਦਿਵਸ ਤੇ ਅੱਜ ਪੰਜਾਬ ਵਿਚ ਕਈ ਥਾਈਂ ਸਮਾਗਮ ਆਯੋਜਿਤ ਕੀਤੇ ਗਏ।